PUNJABI UNIVERSITY PATIALA

# ਡੀਨ, ਕਾਲਜ ਵਿਕਾਸ ਕੌਂਸਲ

# ਪੰਜਾਬੀ ਯੂਨੀਵਰਸਿਟੀ, ਪਟਿਆਲਾ

**(Established under Punjab Act No. 35 of 1961)**

ਨੰ: 15/3/27
ਮਿਤੀ 24-1-24

ਯੂਨੀਵਰਸਿਟੀ ਨਾਲ ਸਬੰਧਿਤ ਸਮੂਹ ਕਾਲਜਾਂ
ਦੇ ਚੇਅਰਮੈਨ/ਪ੍ਰਿੰਸੀਪਲ ਸਾਹਿਬਾਨਾਂ ਨੂੰ ;

ਮਾਨਯੋਗ ਵਾਈਸ-ਚਾਂਸਲਰ ਸਾਹਿਬ ਦੀ ਸਰਪ੍ਰਸਤੀ ਹੇਠ ਦਸਵਾਂ ਪੰਜਾਬੀ ਯੂਨੀਵਰਸਿਟੀ ਸਾਹਿਤ ਉਤਸਵ ਅਤੇ ਪੁਸਤਕ ਮੇਲਾ ਮਿਤੀ 30 ਜਨਵਰੀ ਤੋਂ 03 ਫਰਵਰੀ, 2024 ਤੱਕ ਯੂਨੀਵਰਸਿਟੀ ਕੈਂਪਸ ਵਿਖੇ ਮਨਾਇਆ ਜਾ ਰਿਹਾ ਹੈ। ਸਾਹਿਤ ਉਤਸਵ ਅਤੇ ਪੁਸਤਕ ਮੇਲੇ ਨੂੰ ਪ੍ਰਭਾਵਸ਼ਾਲੀ ਬਣਾਉਣ ਲਈ ਵਾਈਸ-ਚਾਂਸਲਰ ਸਾਹਿਬ ਨੇ ਇਹ ਲਾਜ਼ਮੀ ਕੀਤਾ ਹੈ ਕਿ ਪੰਜਾਬੀ ਯੂਨੀਵਰਸਿਟੀ ਦੇ ਸਮੂਹ ਕਾਲਜਾਂ ਦੇ ਪ੍ਰਿੰਸੀਪਲ ਵੱਖ-ਵੱਖ ਦਿਨਾਂ ਵਿੱਚ ਅਧਿਆਪਕਾਂ ਅਤੇ ਵਿਦਿਆਰਥੀਆਂ ਦੀ ਘੱਟੋ-ਘੱਟ ਇੱਕ ਬੱਸ ਜ਼ਰੂਰ ਮੇਲੇ ਵਿੱਚ ਭੇਜਣ, ਇਸ ਨਾਲ ਜਿੱਥੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਨਵੇਂ ਗਿਆਨ ਦੇ ਰੂਬਰੂ ਹੋਣ ਦਾ ਮੌਕਾ ਮਿਲੇਗਾ, ਉੱਥੇ ਮੇਲੇ ਨੂੰ ਪ੍ਰਭਾਵਸ਼ਾਲੀ ਦਿੱਖ ਵੀ ਮਿਲੇਗੀ। ਕਿਰਪਾ ਕਰਕੇ ਆਪ ਜੀ ਨੇ ਪੰਜਾਬੀ ਯੂਨੀਵਰਸਿਟੀ ਸਾਹਿਤ ਉਤਸਵ ਅਤੇ ਪੁਸਤਕ ਮੇਲੇ ਵਿੱਚ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਵੱਧ ਚੜ੍ਹ ਕੇ ਹਿੱਸਾ ਪਾਉਣ ਲਈ ਪ੍ਰੇਰਿਤ ਕਰਨ ਦੀ ਕਿਰਪਾਲਤਾ ਕਰਨੀ ਜੀ।

ਆਪ ਵੱਲੋਂ ਮਿਲ ਰਹੇ ਸਹਿਯੋਗ ਲਈ ਧੰਨਵਾਦ।

24/1/24.
ਡੀਨ, ਕਾਲਜ ਵਿਕਾਸ ਕੌਂਸਲ